# ਵਰਲਡ ਪੰਜਾਬੀ ਟਾਈਮਜ਼
# WORLD PUNJABI TIMES

A Punjabi News Protal & Epaper From Winnipeg, Canada
Visit us at : www.worldpunjabitimes.com
Mob: 7973333573, +1 (418) 887-0162

Epaper World Punjabi Times | 08 ਅਕਤੂਬਰ 2025 ਦਿਨ ਬੁੱਧਵਾਰ | ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਮਾਮਲਾ ਆਗਣਵਾੜੀ ਵਰਕਰਾਂ ਹੈਲਪਰਾ ਨੂੰ ਕੇਂਦਰ ਸਰਕਾਰ ਵੱਲੋਂ 50 ਸਾਲ ਬੀਤ ਜਾਣ ਤੇ ਪੱਕੇ ਨਾ ਕਰਨ ਦਾ

### ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਸਰਬਜੀਤ ਸਿੰਘ ਖਾਲਸਾ ਐਮ.ਪੀ. ਦੇ ਦਫਤਰ ਦੇ ਸਾਹਮਣੇ ਰੋਸ ਪ੍ਰਦਰਸ਼ਨ

### ਮੈਂਬਰ ਪਾਰਲੀਮੈਂਟ ਦੇ ਪੀ.ਏ. ਦਲੇਰ ਸਿੰਘ ਡੋਡ ਨੂੰ ਸੌਂਪਿਆ ਮੰਗ ਪੱਤਰ

### ਕੇਂਦਰ ਸਰਕਾਰ 28 ਲੱਖ ਔਰਤਾਂ ਦਾ ਕਰ ਰਹੀ ਹੈ ਸ਼ੋਸ਼ਣ- ਹਰਗੋਬਿੰਦ ਕੌਰ

ਵਰਲਡ ਪੰਜਾਬੀ ਟਾਈਮਜ਼

ਫਰੀਦਕੋਟ, 8 ਅਕਤੂਬਰ : ਅੱਜ ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਆਂਗਣਵਾੜੀ ਇੰਪਲਾਈਜ ਫੈਡਰੇਸ਼ਨ ਆਫ ਇੰਡੀਆ ਦੇ ਸੱਦੇ ਤੇ ਗੁਰਮੀਤ ਕੌਰ ਦਬੜੀਖਾਨਾ ਜ਼ਿਲ੍ਹਾ ਪ੍ਰਧਾਨ ਫਰੀਦਕੋਟ ਮਹਿੰਦਰ ਕੌਰ ਪੱਤੋ ਜਿਲਾ ਪ੍ਰਧਾਨ ਮੋਗਾ ਦੀ ਅਗਵਾਈ ਹੇਠ ਮੈਂਬਰ ਪਾਰਲੀਮੈਂਟ ਸਰਬਜੀਤ ਸਿੰਘ ਖਾਲਸਾ ਦੇ ਦਫਤਰ ਦੇ ਸਾਹਮਣੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਮੰਗ ਪੱਤਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਜੀ ਖਾਲਸਾ ਦੇ ਪੀਏ ਅਜੇ ਦਲੇਰ ਸਿੰਘ ਡੋਡ ਨੂੰ ਦਿੱਤਾ ਗਿਆ ਭਾਈ ਡੋਡ ਨੇ ਵਿਸ਼ਵਾਸ ਦਵਾਇਆ ਕਿ ਤੁਹਾਡੀ ਮੰਗ ਮੈਂਬਰ ਆਫ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਜੀ ਖਾਲਸਾ ਪਾਰਲੀਮੈਂਟ ਵਿੱਚ ਜਰੂਰ ਉਠਾਉਣਗੇ ਗਿਆ ਇਸ ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਨ ਲਈ ਹਰਗੋਬਿੰਦ ਕੌਰ ਕੌਮੀ



ਪ੍ਰਧਾਨ ਵਿਸ਼ੇਸ਼ ਤੌਰ 'ਤੇ ਪਹੁੰਚੇ, ਉਹਨਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਆਈਸੀਡੀਐਸਐਸ ਸਕੀਮ ਨੂੰ ਚਾਲੂ ਹੋਇਆ 50 ਸਾਲ ਦਾ ਸਮਾਂ ਪੂਰਾ ਹੋ ਗਿਆ ਹੈ ਪਰ ਕੇਂਦਰ ਦੀ ਸਰਕਾਰ ਵੱਲੋਂ ਆਂਗਣਵਾੜੀ ਵਰਕਰਾਂ ਹੈਲਪਰਾ ਨੂੰ ਸਿਰਫ ਨਿਗੂਣਾ ਜਿਹਾ ਮਾਣ ਭੱਤਾ 4500 ਵਰਕਰ ਤੇ 2250 ਹੈਲਪਰ ਦਿੱਤਾ ਜਾ ਰਿਹਾ ਹੈ ਜੋ ਨਾਰੀ ਦਾ ਸ਼ੋਸ਼ਣ ਹੈ ਹਿੰਦਸਤਾਨ ਦੇ ਵਿੱਚ 28 ਲੱਖ ਔਰਤਾਂ ਇਸ ਸਕੀਮ ਦੇ ਵਿੱਚ ਕੰਮ ਕਰਦੀਆਂ ਹਨ ਪਰ 50 ਸਾਲ ਬੀਤ ਜਾਣ ਦੇ ਬਾਅਦ ਵੀ ਆਗਣਵਾੜੀ ਵਰਕਰਾਂ ਹੈਲਪਰਾ ਨੂੰ ਪੱਕੇ ਨਹੀਂ ਕੀਤਾ ਗਿਆ। ਪਿਛਲੇ ਅੱਠ ਸਾਲਾਂ ਤੋਂ ਕੇਂਦਰ ਦੀ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਨੇ ਆਗਣਵਾੜੀ ਵਰਕਰਾਂ ਹੈਲਪਰਾ ਦੇ ਮਾਣ ਭੱਤੇ ਵਿੱਚ ਇਕ ਰੁਪਏ ਦਾ ਵਾਧਾ ਨਹੀਂ ਕੀਤਾ ਜਦਕਿ ਮੰਹਿਗਾਈ ਕਈ ਗੁਣਾ ਵੱਧ ਗਈ ਹੈ। ਉਹਨਾਂ ਨੇ ਮੰਗ ਕੀਤੀ ਕਿ ਕੇਂਦਰ ਦੀ ਸਰਕਾਰ ਆਂਗਣਵਾੜੀ ਵਰਕਰਾਂ ਹੈਲਪਰਾਂ ਨੂੰ ਪੱਕਿਆਂ ਕਰੇ ਆਈਸੀਡੀਐਸ ਸਕੀਮ ਨੂੰ ਵਿਭਾਗ ਵਿੱਚ ਤਬਦੀਲ ਕਰੇ, ਆਂਗਣਵਾੜੀ ਵਰਕਰ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ, ਜਦੋਂ ਤੱਕ ਇਹ ਨਹੀਂ ਕੀਤਾ ਜਾਂਦਾ ਘੱਟੋ ਘੱਟ ਉਜਰਤਾ ਲਾਗੂ ਕੀਤੀਆਂ ਜਾਣ ਅਗਣਵਾੜੀ ਵਰਕਰਾਂ ਹੈਲਪਰਾਂ ਨੂੰ ਹਰ ਮਹੀਨੇ ਦਾ ਮੈਡੀਕਲ ਅਲਾਉਂਸ ਦਿੱਤਾ ਜਾਵੇ। ਆਗਣਵਾਣੀ ਕੇਂਦਰਾਂ ਦੇ ਵਿੱਚ ਆ ਰਿਹਾ ਰਾਸ਼ਨ ਪੈਕਟ ਬੰਦ ਖਾਣੇ ਦੀ ਥਾਂ ਤੇ ਤਾਜ਼ਾ ਪਕਾ ਕੇ ਦਿੱਤਾ ਜਾਵੇ। ਆਂਗਣਵਾੜੀ ਵਰਕਰਾਂ ਹੈਲਪਰਾਂ ਵੱਲੋਂ ਪੂਰੇ ਹਿੰਦੁਸਤਾਨ ਦੇ ਵਿੱਚ ਇੱਕ ਕੰਪੇਨ ਚਲਾਈ ਜਾ ਰਹੀ ਹੈ ਕਿ ਚੁਣੇ ਚੁਣੇ ਹੋਏ ਸੰਸਦ ਮੈਂਬਰ ਰਾਹੀਂ ਮੰਗ ਪੱਤਰ ਭੇਜ ਕੇ ਮੰਗ ਕਰ ਰਹੀਆਂ ਹਨ ,ਕਿ ਉਹ ਸੰਸਦ ਦੇ ਵਿੱਚ ਸਾਡੀ ਆਵਾਜ਼ ਉਠਾਉਣ। ਸਰਬਜੀਤ ਸਿੰਘ ਖਾਲਸਾ ਐਮਪੀ ਨੂੰ ਪ੍ਰਧਾਨ ਮੰਤਰੀ ਦੇ ਨਾਮ ਤੇ ਇੱਕ ਮੰਗ ਪੱਤਰ ਦਿੱਤਾ ਗਿਆ ਅਤੇ ਉਹਨਾਂ ਕੋਲ ਮੰਗ ਕੀਤੀ ਗਈ ਕਿ ਉਹ ਸਾਡੀ ਮੰਗ ਪ੍ਰਧਾਨ ਮੰਤਰੀ ਤੱਕ ਪਹੁੰਚਾਉਣ ਅਤੇ ਸੰਸਦ ਦੇ ਵਿੱਚ ਸਾਡੀ ਆਵਾਜ਼ ਉਠਾਉਣ ਇਸ ਸਮੇਂ ਸਰਨਜੀਤ ਕੌਰ ਅਰਾਈਆਂ ਵਾਲਾ, ਰਵਿੰਦਰ ਕੌਰ ਕੋਟ ਕਪੂਰਾ ਕੁਲਵੰਤ ਕੌਰ ਲੁਹਾਰਾ, ਖੁਸ਼ਪਾਲ ਕੌਰ, ਸਰਬਜੀਤ ਕੌਰ, ਬਲਜੀਤ ਕੌਰ ਕੋਟਕਪੂਰਾ, ਅਰਵਿੰਦਰ ਕੌਰ ਜਸਵਿੰਵਿੰਦਰ ਕੌਰ ਅੰਮ੍ਰਿਤ ਪਾਲ ਕੌਰ ਹਰਵਿੰਦਰ ਕੌਰ, ਰਾਜਵਿੰਦਰ ਕੌਰ ਜਸਵਿੰਦਰ ਕੌਰ ਬਲਦੇਵ ਕੌਰ ਕਿਰਨਾ ਕੌਰ ਸੁਖਵਿੰਦਰ ਕੌਰ ਕੁਲਵਿੰਦਰ ਕੌਰ, ਪ੍ਰਕਾਸ਼ ਕੌਰ ਆਦ ਆਗੂ ਹਾਜ਼ਰ ਸਨ।

## ਪੀ ਐਸ ਐਮ ਐਸ ਯੂ ਵੱਲੋਂ ਸੰਘਰਸ਼ ਦਾ ਐਲਾਨ, 14 ਅਕਤੂਬਰ ਨੂੰ ਜਿਲ੍ਹਾ ਪੱਧਰੀ ਰੈਲੀਆਂ ਅਤੇ 16 ਅਕਤੂਬਰ ਨੂੰ ਮੁਹਾਲੀ ਵਿਖੇ ਸੂਬਾ ਪੱਧਰੀ ਰੈਲੀ ਹੋਵੇਗੀ।

ਵਰਲਡ ਪੰਜਾਬੀ ਟਾਈਮਜ਼ ਧਰਮ ਪ੍ਰਵਾਨਾਂ

ਫ਼ਰੀਦਕੋਟ 8 ਅਕਤੂਬਰ : ਪੀ ਐਸ ਐਮ ਐਸ ਯੂ ਵੱਲੋਂ ਪੰਜਾਬ ਸਰਕਾਰ ਦੀ ਮੁਲਾਜ਼ਮ ਮੰਗਾਂ ਨੂੰ ਲਗਾਤਾਰ ਅੱਖੋਂ ਪਰੋਖੇ ਕਰਕੇ ਲਮਕਾਏ ਜਾਣ ਅਤੇ ਚੋਣਾਂ ਤੋਂ ਪਹਿਲਾਂ ਕੀਤੇ ਵਾਅਦਿਆਂ ਨੂੰ ਲਾਗੂ ਨਾ ਕੀਤੇ ਜਾਣ ਕਾਰਨ ਨਰਾਜ਼ਗੀ ਅਤੇ ਰੋਸ ਜਾਹਿਰ ਕਰਨ ਦੇ ਨਾਲ ਨਾਲ ਮੰਨੀਆਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਸੰਘਰਸ਼ ਦਾ ਐਲਾਨ ਕਰ ਦਿੱਤਾ ਗਿਆ ਹੈ। ਮਿਤੀ 22-09-2025 ਨੂੰ ਸੂਬਾ ਪ੍ਰਧਾਨ ਗੁਰਨਾਮ ਸਿੰਘ ਵਿਰਕ, ਸੂਬਾ ਜਨਰਲ ਸਕੱਤਰ ਤਰਸੇਮ ਭੱਠਲ ਅਤੇ ਸੂਬਾ ਚੇਅਰਮੈਨ ਰਘਬੀਰ ਸਿੰਘ ਬਡਵਾਲ ਦੀ ਅਗਵਾਈ ਵਿੱਚ ਸ੍ਰੀ ਅੰਮ੍ਰਿਤਸਰ ਵਿਖ ਹੋਈ ਮੀਟਿੰਗ ਵਿੱਚ ਲਏ ਗਏ ਫੈਸਲਿਆਂ ਤੋਂ ਜਾਣੂ ਕਰਾਉਂਦਿਆਂ ਫਰੀਦਕੋਟ ਵਿਖੇ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਸੂਬਾ ਪ੍ਰਧਾਨ ਗੁਰਨਾਮ ਸਿੰਘ ਵਿਰਕ ਦੀ ਅਗਵਾਈ ਵਿੱਚ ਸੂਬਾਈ ਆਗੂਆਂ ਵਿੱਚ ਸ਼ਾਮਿਲ ਸਰਵ ਸ਼੍ਰੀ ਅਮਰੀਕ ਸਿੰਘ ਸੰਧੂ ਸਾਬਕਾ ਸੂਬਾ ਪ੍ਰਧਾਨ ਅਤੇ ਜਿਲ੍ਹਾ ਪ੍ਰਧਾਨ ਫਰੀਦਕੋਟ, ਪਿੱਪਲ ਸਿੰਘ ਸਿੱਧੂ ਸੂਬਾ ਸੀਨੀਅਰ ਮੀਤ ਪ੍ਰਧਾਨ ਅਤੇ ਜਿਲ੍ਹਾ ਜਨਰਲ ਸਕੱਤਰ ਫਿਰੋਜ਼ਪੁਰ, ਖੁਸ਼ਕਰਨਜੀਤ ਸਿੰਘ ਸੂਬਾ ਸੀਨੀਅਰ ਮੀਤ ਪ੍ਰਧਾਨ PSMSU, ਸੂਬਾ ਪ੍ਰਧਾਨ ਐਕਸਾਈਜ਼ ਅਤੇ ਜਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ, ਮਨੋਹਰ ਲਾਲ ਜਿਲ੍ਹਾ ਪ੍ਰਧਾਨ ਫਿਰੋਜ਼ਪੁਰ, ਸੂਬਾ ਕਾਰਜਕਾਰਨੀ ਮੈਂਬਰ ਬਖਸ਼ੀਸ਼ ਸਿੰਘ, ਸੇਵਕ ਸਿੰਘ ਪ੍ਰਧਾਨ ਡੀ ਸੀ ਦਫ਼ਤਰ ਫਰੀਦਕੋਟ, ਸਤੀਸ਼ ਕੁਮਾਰ ਅਤੇ ਸ਼ੁਭਕਰਮਨ ਸਿੰਘ ਗਿੱਲ ਫਰੀਦਕੋਟ ਆਦਿ ਇਕੱਠੇ ਹੋਏ ਅਤੇ ਸੂਬਾਈ ਅਤੇ ਜਿਲ੍ਹਾ



ਲੀਡਰਸ਼ਿਪ ਦੇ ਆਏ ਵਿਚਾਰਾਂ ਮੁਤਾਬਕ ਲਏ ਗਏ ਫੈਸਲੇ ਅਨੁਸਾਰ 09 ਅਕਤੂਬਰ, 2025 ਨੂੰ ਡਿਪਟੀ ਕਮਿਸ਼ਨਰਾਂ ਰਾਹੀਂ ਪੰਜਾਬ ਸਰਕਾਰ ਨੂੰ ਨੋਟਿਸ ਅਤੇ ਮੰਗ ਪੱਤਰ ਦਿੱਤੇ ਜਾਣਗੇ। ਇਸ ਉਪਰੰਤ ਮਿਤੀ 14-10-2025 ਨੂੰ ਜਿਲ੍ਹਾ ਪੱਧਰ ਤੇ ਰੋਸ ਰੈਲੀਆਂ ਕੀਤੀਆਂ ਜਾਣਗੀਆਂ। ਜੇਕਰ ਪੰਜਾਬ ਸਰਕਾਰ ਨੇ ਮੰਨੀਆਂ ਹੋਈਆਂ ਮੰਗਾਂ ਨੂੰ ਫਿਰ ਵੀ ਲਾਗੂ ਨਾ ਕੀਤਾ ਤਾਂ ਮਿਤੀ 16-10-2025 ਨੂੰ ਸੂਬਾ ਪੱਧਰੀ ਰੋਸ ਰੈਲੀ ਮੁਹਾਲੀ ਵਿਖੇ ਕੀਤੀ ਜਾਵੇਗੀ। ਸੂਬਾ ਪ੍ਰਧਾਨ ਗੁਰਨਾਮ ਸਿੰਘ ਵਿਰਕ ਨੇ ਦੱਸਿਆ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਆਉਣ ਤੋਂ ਪਹਿਲਾਂ ਇਹਨਾਂ ਦੇ ਆਗੂਆਂ ਵੱਲੋਂ ਮੁਲਾਜਮਾਂ ਨਾਲ ਵਾਅਦੇ ਕੀਤੇ ਗਏ ਸਨ ਅਤੇ ਮੁਲਾਜ਼ਮ ਮੰਗਾਂ ਨੂੰ ਚੋਣ ਮਨੋਰਥ ਪੱਤਰ ਵਿੱਚ ਵੀ ਸ਼ਾਮਿਲ ਕੀਤਾ ਗਿਆ ਸੀ। ਜਿਸ ਵਿੱਚ ਸਭ ਤੋਂ ਅਹਿਮ ਮੰਗ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਕਰਨਾ ਸ਼ਾਮਿਲ ਸੀ। ਇਸ ਤੋਂ ਇਲਾਵਾ ਹੋਰਨਾਂ ਮੰਗਾਂ ਤੋਂ ਇਲਾਵਾ 15-01-2015 ਦਾ ਨੋਟੀਫਿਕੇਸ਼ਨ ਰੱਦ ਕਰਨ, 17-07-2020 ਤੋਂ ਬਾਦ ਭਰਤੀ ਮੁਲਾਜਮਾਂ ਤੇ ਪੰਜਾਬ ਦਾ 6ਵਾਂ ਤਨਖਾਹ ਕਮਿਸ਼ਨ ਲਾਗੂ ਕਰਨ, ਮਨਿਸਟੀਰੀਅਲ ਕਾਡਰ ਦੀਆਂ ਖਾਲੀ ਅਸਾਮੀਆਂ ਤੁਰੰਤ ਪਦਉਨਤੀ ਰਾਹੀਂ ਭਰਨ, ਤਰਸ ਅਧਾਰ ਤੇ ਭਰਤੀ ਕਲਰਕਾਂ ਤੇ ਟਾਈਪ ਟੈਸਟ ਦੀ ਬਜਾਏ 120 ਘੰਟੇ ਦੀ ਕੰਪਿਊਟਰ ਟ੍ਰੇਨਿੰਗ ਲਾਗੂ ਕਰਨ, ਸਟੈਨੋ ਕਾਡਰ ਅਗਲੇ ਪਦਉਨਤੀ ਚੈਨਲ ਦੇਣ ਅਤੇ ਸੀਨੀਅਰਤਾ ਅਧਾਰ ਤੇ ਪ੍ਰਮੋਸ਼ਨ ਕਰਨ, ਏ ਸੀ ਪੀ ਸਕੀਮ ਚਾਲੂ ਕਰਨ, ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਅਤੇ ਬਕਾਏ ਦੀ ਰਾਸ਼ੀ ਜਾਰੀ ਕਰਨ, 20 ਸਾਲ ਦੀ ਸਰਵਿਸ ਤੇ ਪੂਰੇ ਸੇਵਾ ਮੁਕਤੀ ਲਾਭ ਦੇਣ, ਬੰਦ ਕੀਤੇ 37 ਭੱਤੇ ਮੁੜ ਚਾਲੂ ਕਰਨ, 6ਵੇਂ ਤਨਖਾਹ ਕਮਿਸ਼ਨ ਦੀ ਰਿਪੋਰਟ 2011 ਦੇ ਸਕੇਲ ਬਰਕਰਾਰ ਰੱਖਦੇ ਹੋਏ 2.59 ਦੇ ਗੁਣਾਕ ਦੇਣ ਅਤੇ ਸਾਲਾਨਾ ਤਰੱਕੀ 5 ਫੀਸਦੀ ਦੇਣ, ਐਕਸਗਰੇਸ਼ੀਆ ਗਰਾਂਟ 50 ਲੱਖ ਕਰਨ, ਅਨਾਮਲੀਆਂ ਦੂਰ ਕਰਨ, 7ਵਾਂ ਤਨਖਾਹ ਕਮਿਸ਼ਨ ਗਠਿਤ ਕਰਨ ਅਤੇ ਪੁਨਰਗਠਨ ਸਮੇਂ ਖਤਮ ਕੀਤੀਆਂ ਪ੍ਰਮੋਸ਼ਨਲ ਅਤੇ ਲੋੜੀਦੀਆਂ ਅਸਾਮੀਆਂ ਮੁੜ ਬਹਾਲ ਕਰਨਾ ਸ਼ਾਮਿਲ ਹੈ। ਇਸ ਤੋਂ ਇਲਾਵਾ ਬਹੁਤ ਸਾਰੇ ਵਿਭਾਗਾਂ ਵਿੱਚ ਕਲੈਰੀਕਲ ਸਟਾਫ ਦੀਆਂ ਵਿਭਾਗੀ ਮੰਗਾਂ ਲੰਬਿਤ ਚਲੀਆਂ ਆ ਰਹੀਆਂ ਹਨ, ਉਹਨਾਂ ਦਾ ਨਿਪਟਾਰਾ ਵਿਭਾਗੀ ਜਥੇਬੰਦੀਆਂ ਨਾਲ ਮੀਟਿੰਗ ਕਰਕੇ ਕੀਤਾ ਜਾਵੇ। ਇਸ ਮੌਕੇ ਆਗੂਆਂ ਨੇ ਕਿਹਾ ਕਿ ਜੇਕਰ ਮੌਜੂਦਾ ਸਰਕਾਰ ਨੇ ਆਪਣੇ ਵਾਅਦੇ ਵਫਾ ਨਾ ਕੀਤੇ ਤਾਂ ਮੁਲਾਜਮਾਂ ਦੀਆਂ ਵਫਾਵਾਂ ਬਦਲਦਿਆਂ ਵੀ ਟਾਈਮ ਨਹੀਂ ਲੱਗਣਾ। ਇਸ ਦਾ ਖਮਿਆਜਾ ਆਉਣ ਵਾਲੀ ਤਰਨਤਾਰਨ ਦੀ ਜ਼ਿਮਨੀ ਚੋਣ ਵਿੱਚ ਵੀ ਭੁਗਤਣਾ ਪੈ ਸਕਦਾ ਹੈ। ਇਸ ਦੀ ਜਿੰਮੇਵਾਰ ਪੰਜਾਬ ਸਰਕਾਰ ਹੋਵੇਗੀ।

## ਤਿੰਨ ਰੋਜ਼ਾ ਜ਼ਿਲ੍ਹਾ ਪੱਧਰੀ ਟੇਬਲ ਟੈਨਿਸ ਟੂਰਨਾਮੈਂਟ ਦਾ ਡਾ. ਢਿੱਲੋਂ ਨੇ ਕੀਤਾ ਉਦਘਾਟਨ

### ਬੱਚੇ ਪੜ੍ਹਾਈ ਦੇ ਨਾਲ-ਨਾਲ ਖੇਡਾਂ 'ਚ ਵੀ ਦਿਖਾਉਣ ਦਿਲਚਸਪੀ : ਡਾ. ਢਿੱਲੋਂ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ

ਕੋਟਕਪੂਰਾ, 8 ਅਕਤੂਬਰ : ਜ਼ਿਲ੍ਹਾ ਟੇਬਲ ਟੈਨਿਸ ਐਸੋਸੀਏਸ਼ਨ ਫਰੀਦਕੋਟ ਵੱਲੋਂ ਤਿੰਨ ਰੋਜ਼ਾ ਜ਼ਿਲ੍ਹਾ ਪੱਧਰੀ ਟੇਬਲ ਟੈਨਿਸ ਟੂਰਨਾਮੈਂਟ ਦਾ ਉਦਘਾਟਨ ਸਥਾਨਕ ਡਾ ਹਰੀ ਸਿੰਘ ਸੇਵਕ ਸਕੂਲ ਆਫ ਐਮੀਨੈਂਸ ਵਿਖੇ ਕੀਤਾ ਗਿਆ। ਜਿਸ ਵਿੱਚ ਬਤੌਰ ਮੁੱਖ



ਮਹਿਮਾਨ ਉਦਘਾਟਨ ਕਰਨ ਲਈ ਪੁੱਜੇ ਡਾ. ਮਨਜੀਤ ਸਿੰਘ ਢਿੱਲੋਂ ਚੇਅਰਮੈਨ ਬਾਬਾ ਫਰੀਦ ਗੁਰੂਕੁਲ ਗਰੁੱਪ ਆਫ ਕਾਲਜਿਜ਼ ਕੋਟਕਪੂਰਾ ਨੇ ਬੱਚਿਆਂ ਨੂੰ ਪੜਾਈ ਦੇ ਨਾਲ ਨਾਲ ਖੇਡਾਂ ਵਿੱਚ ਵੀ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕਰਦਿਆਂ ਐਸੋਸੀਏਸ਼ਨ ਦਾ ਹਰ ਤਰ੍ਹਾਂ ਦਾ ਸਹਿਯੋਗ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਉੱਘੇ ਸਮਾਜਸੇਵੀ ਬਲਜੀਤ ਸਿੰਘ ਖੀਵਾ, ਅਜਾਦਵਿੰਦਰ ਜੋਸ਼ੀ, ਹਰਮਨਦੀਪ ਸਿੰਘ, ਅੰਕੁਸ਼ ਅਸ਼ੋਕਾ, ਪ੍ਰਭਜਿੰਦਰ ਸਿੰਘ, ਮਨਵੀਰ ਸਿੰਘ ਰੰਗਾ, ਗੇਜ ਰਾਮ ਭੋਰਾ, ਸੁਖਵੀਰ ਕੌਰ ਚਾਨੀ ਆਦਿ ਸਮੇਤ ਇਲਾਕੇ ਦੀਆਂ ਹੋਰ ਵੀ ਉੱਘੀਆਂ ਸ਼ਖਸ਼ੀਅਤਾਂ ਹਾਜਰ ਸਨ। ਐਸੋਸੀਏਸ਼ਨ ਦੇ ਪ੍ਰੈਸ ਸਕੱਤਰ ਗੁਰਿੰਦਰ ਸਿੰਘ ਮਹਿੰਦੀਰੱਤਾ ਮੁਤਾਬਿਕ ਪਹਿਲੇ ਦਿਨ ਦੇ ਮੁਕਾਬਲਿਆਂ ਦੌਰਾਨ ਅੰਡਰ-15 ਲੜਕੀਆਂ ਵਿੱਚ ਅਗਨਜੋਤ ਕੌਰ ਨੇ ਖੁਸ਼ਪਿੰਦਰ ਕੌਰ ਨੂੰ 3-2 ਦੇ ਫਰਕ ਨਾਲ, ਅਵਨੀਤ ਕੌਰ ਨੇ ਨਵਪ੍ਰੀਤ ਕੌਰ ਨੂੰ 3-1, ਅੰਡਰ-17 ਵਿੱਚ ਅਗਰੀਆ ਨੇ ਗਗਨਦੀਪ ਕੌਰ ਸੀਨੀਅਰ ਨੂੰ 2-1, ਗਗਨਦੀਪ ਕੌਰ ਨੇ ਮਨਵੀਰ ਕੌਰ ਨੂੰ 2-1 ਗੁਰਪ੍ਰੀਤ ਕੌਰ ਨੇ ਰਾਜਵੀਰ ਕੌਰ ਨੂੰ 2-0 ਅਤੇ ਅਗਮਜੋਤ ਕੌਰ ਨੇ ਮਨੀ ਕੌਰ ਨੂੰ 2-0, ਅੰਡਰ-19 ਵਿੱਚ ਗੁਰਪ੍ਰੀਤ ਕੌਰ ਨੇ ਨਵਪ੍ਰੀਤ ਕੌਰ ਨੂੰ 2-1, ਅਗਮਜੋਤ ਕੌਰ ਨੇ ਮਨੀ ਕੌਰ ਨੂੰ 2-0, ਮਨਵੀਰ ਕੌਰ ਨੇ ਗਗਨਦੀਪ ਕੌਰ ਸੀਨੀਅਰ ਨੂੰ 2-1 ਗਗਨਦੀਪ ਕੌਰ ਨੇ ਅਗਰੀਆ 2-1 ਦੇ ਫਰਕ ਨਾਲ ਹਰਾਇਆ, ਅੰਡਰ-15 ਲੜਕਿਆਂ ਦੇ ਮੁਕਾਬਲਿਆਂ ਵਿੱਚ ਕਰਨ ਕੁਮਾਰ ਨੇ ਹੀਰਾ ਸਿੰਘ ਨੂੰ 2-0, ਅਰਸ਼ਵੀਰ ਸਿੰਘ ਨੇ ਆਨੰਦ ਕੁਮਾਰ ਨੂੰ 2-0 ਰਾਜਵੀਰ ਸਿੰਘ ਨੇ ਪ੍ਰਭਜੋਤ ਨੂੰ 2-0, ਆਸ਼ੂ ਨੇ ਵਰਿੰਦਰ ਸਿੰਘ ਨੂੰ 2-1, ਗੁਰਪ੍ਰੀਤ ਸਿੰਘ ਨੇ ਜਸਨੂਰ ਸਿੰਘ ਨੂੰ 2-1, ਅੰਡਰ-17 ਵਿੱਚ ਆਨੰਦ ਕੁਮਾਰ ਨੇ ਹਿੰਮਤ ਨੂੰ 2-1, ਮਨਿੰਦਰ ਸਿੰਘ ਨੇ ਅਯਾਨ ਨੂੰ 2-0, ਵਿਸ਼ਾਲ ਸਿੰਘ ਨੇ ਕਰਨ ਕੁਮਾਰ ਨੂੰ 2-0, ਅੰਡਰ-11 ਵਿੱਚ ਅਰਮਾਨਦੀਪ ਸਿੰਘ ਨੇ ਜਗਤ ਪ੍ਰਤਾਪ ਸਿੰਘ ਨੂੰ 2-0 ਅਤੇ ਦਿਪਾਂਸ਼ੂ ਕੁਮਾਰ ਨੇ ਆਰਵ ਜੋਸ਼ੀ ਨੂੰ 2-1 ਦੇ ਫਰਕ ਨਾਲ ਹਰਾਇਆ। ਐਸੋਸੀਏਸ਼ਨ ਦੇ ਪ੍ਰਧਾਨ ਡਾ. ਪ੍ਰਭਦੇਵ ਸਿੰਘ ਬਰਾੜ ਅਤੇ ਜਨਰਲ ਸਕੱਤਰ ਕੁਲਵੰਤ ਸਿੰਘ ਚਾਨੀ ਨੇ ਦੱਸਿਆ ਕਿ ਫਾਈਨਲ ਮੁਕਾਬਲਿਆਂ ਦੇ ਜੇਤੂ ਲੜਕੇ-ਲੜਕੀਆਂ ਨੂੰ 7 ਅਕਤੂਬਰ ਦਿਨ ਮੰਗਲਵਾਰ ਨੂੰ ਬਾਅਦ ਦੁਪਹਿਰ 3:00 ਵਜੇ ਬਤੌਰ ਮੁੱਖ ਮਹਿਮਾਨ ਐਡਵੋਕੇਟ ਬੀਰਇੰਦਰ ਸਿੰਘ ਸੰਧਵਾਂ ਅਤੇ ਇੰਜੀ. ਸੁਖਜੀਤ ਸਿੰਘ ਢਿੱਲਵਾਂ ਵੱਲੋਂ ਸਨਮਾਨਤ ਕੀਤਾ ਜਾਵੇਗਾ।

## ਡਾ. ਰਮਨਦੀਪ ਸਿੰਘ ਨੇ ਕੇਂਦਰੀ ਰਾਜ ਮੰਤਰੀ ਸੰਜੇ ਸੇਠ ਨਾਲ ਰਾਣਾ ਗੁਰਮੀਤ ਸਿੰਘ ਸੋਢੀ ਦੇ ਗ੍ਰਹਿ ਵਿਖੇ ਕੀਤੀ ਮੁਲਾਕਾਤ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ

ਕੋਟਕਪੂਰਾ, 8 ਅਕਤੂਬਰ : ਵਿਧਾਨ ਸਭਾ ਹਲਕਾ ਜੈਤੋ ਤੋਂ ਭਾਰਤੀ ਜਨਤਾ ਪਾਰਟੀ ਦੇ ਉਭਰਦੇ ਆਗੂ ਡਾ. ਰਮਨਦੀਪ ਸਿੰਘ ਜੈਤੋ ਨੇ ਬੀਤੇ ਦਿਨ ਭਾਰਤ ਸਰਕਾਰ ਦੇ ਰੱਖਿਆ ਮੰਤਰਾਲੇ ਵਿੱਚ ਕੇਂਦਰੀ ਰਾਜ ਮੰਤਰੀ ਵਜੋਂ ਸੇਵਾ ਨਿਭਾਅ ਰਹੇ ਸ਼੍ਰੀ ਸੰਜੇ ਸੇਠ ਜੀ ਨਾਲ ਸਾਬਕਾ ਮੰਤਰੀ ਰਾਣਾ ਗੁਰਮੀਤ ਸਿੰਘ ਸੋਢੀ ਦੇ ਨਿਵਾਸ ਸਥਾਨ 'ਤੇ ਖ਼ਾਸ ਮੁਲਾਕਾਤ ਕੀਤੀ।



ਇਸ ਮੁਲਾਕਾਤ ਦੌਰਾਨ ਡਾ. ਰਮਨਦੀਪ ਸਿੰਘ ਨੇ ਸੰਜੇ ਸੇਠ ਜੀ ਨੂੰ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਜੀ ਦਾ ਸਰੂਪ ਭੇਂਟ ਕਰਕੇ ਸਨਮਾਨਿਤ ਕੀਤਾ ਅਤੇ ਉਨ੍ਹਾਂ ਦਾ ਪੰਜਾਬ ਦੀ ਧਰਤੀ 'ਤੇ ਤਹਿ-ਦਿਲੋਂ ਸਵਾਗਤ ਕੀਤਾ। ਡਾ. ਰਮਨਦੀਪ ਨੇ ਕਿਹਾ ਕਿ ਡਾ. ਅੰਬੇਦਕਰ ਜੀ ਦੇ ਵਿਚਾਰ ਤੇ ਸਿੱਖਿਆ ਅੱਜ ਦੇ ਸਮੇਂ ਵਿੱਚ ਸਮਾਜਕ ਨਿਆਂ ਅਤੇ ਸਮਾਨਤਾ ਲਈ ਪ੍ਰੇਰਣਾਦਾਇਕ ਹਨ। ਕੇਂਦਰੀ ਮੰਤਰੀ ਸੰਜੇ ਸੇਠ ਨੇ ਪੰਜਾਬ ਦੇ ਹੜ੍ਹਾਂ ਦੀ ਸਥਿਤੀ ਦਾ ਜਾਇਜ਼ਾ ਲਿਆ ਅਤੇ ਚੱਲ ਰਹੇ ਰਾਹਤ ਕਾਰਜਾਂ ਬਾਰੇ ਜਾਣਕਾਰੀ ਹਾਸਲ ਕੀਤੀ। ਉਹਨਾ ਵਿਸ਼ਵਾਸ ਦਿਵਾਇਆ ਕਿ ਕੇਂਦਰ ਸਰਕਾਰ ਇਸ ਔਖੀ ਘੜੀ ਹਰ ਸੰਭਵ ਮਦਦ ਕਰਨ ਲਈ ਤਿਆਰ ਹੈ। ਇਸ ਮੌਕੇ ਦੋਵਾਂ ਆਗੂਆਂ ਵਿਚਕਾਰ ਪੰਜਾਬ ਦੀ ਰਾਜਨੀਤੀ ਨਾਲ ਸੰਬੰਧਿਤ ਕਈ ਮਹੱਤਵਪੂਰਣ ਮਸਲਿਆਂ 'ਤੇ ਵਿਚਾਰ-ਚਰਚਾ ਹੋਈ। ਸੰਜੇ ਸੇਠ ਜੀ ਨੇ ਡਾ. ਰਮਨਦੀਪ ਸਿੰਘ ਦੇ ਲੋਕ ਹਿੱਤਾਂ ਲਈ ਕੀਤੇ ਜਾ ਰਹੇ ਯਤਨਾਂ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਕੇਂਦਰ ਸਰਕਾਰ ਪੰਜਾਬ ਦੇ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਨੇ ਕਿਹਾ ਕਿ ਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਮੌਕੇ, ਖੇਤੀਬਾੜੀ ਨਾਲ ਜੁੜੇ ਨਵੇਂ ਪ੍ਰੋਜੈਕਟ ਅਤੇ ਇਨਫਰਾਸਟ੍ਰਕਚਰ ਦੇ ਵਿਕਾਸ ਰਾਹੀਂ ਪੰਜਾਬ ਨੂੰ ਨਵੇਂ ਪੱਧਰ 'ਤੇ ਲਿਜਾਣ ਲਈ ਹਰ ਸੰਭਵ ਯਤਨ ਕੀਤਾ ਜਾ ਰਿਹਾ ਹੈ। ਇਸ ਮੌਕੇ ਭਾਰਤੀ ਜਨਤਾ ਪਾਰਟੀ ਦੇ ਫਿਰੋਜ਼ਪੁਰ ਦੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਬਾਠ ਵੀ ਹਾਜ਼ਰ ਸਨ। ਇਸ ਮੁਲਾਕਾਤ ਨੂੰ ਦੋਵਾਂ ਆਗੂਆਂ ਵਿਚਕਾਰ ਰਾਜਨੀਤਿਕ ਸਮਰਪਣ ਅਤੇ ਸਾਂਝੇ ਸਹਿਯੋਗ ਦੀ ਇੱਕ ਮਹੱਤਵਪੂਰਣ ਕੜੀ ਵਜੋਂ ਦੇਖਿਆ ਜਾ ਰਿਹਾ ਹੈ।

## 100 ਦੇ ਕਰੀਬ ਪੁਲਿਸ ਮੁਲਾਜ਼ਮਾਂ ਵੱਲੋਂ ਤੜਕਸਾਰ ਕੇਂਦਰੀ ਮਾਡਰਨ ਜੇਲ੍ਹ ਦੀ ਅਚਨਚੇਤ ਚੈਕਿੰਗ

### 2 ਘੰਟੇ ਚੱਲੀ ਚੈਕਿੰਗ ਦੌਰਾਨ ਜੇਲ ਦੇ ਹਰ ਹਿੱਸੇ ਦੀ ਕੀਤੀ ਗਈ ਗਹਿਰਾਈ ਨਾਲ ਜਾਂਚ : ਐਸ.ਪੀ.

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ

ਕੋਟਕਪੂਰਾ/ਫਰੀਦਕੋਟ, 8 ਅਕਤੂਬਰ: ਡਾ. ਪ੍ਰਗਿਆ ਜੈਨ ਐਸ.ਐਸ.ਪੀ. ਦੀ ਅਗਵਾਈ ਹੇਠ ਪੁਲਿਸ ਵੱਲੋਂ ਜੇਲ ਪ੍ਰਸ਼ਾਸਨ ਦੇ ਸਹਿਯੋਗ ਨਾਲ ਕੇਂਦਰੀ ਮਾਡਰਨ ਜੇਲ, ਫਰੀਦਕੋਟ ਵਿੱਚ ਅਚਾਨਕ ਅਤੇ ਵਿਸਤ੍ਰਿਤ ਚੈੱਕਿੰਗ ਮੁਹਿੰਮ ਚਲਾਈ ਗਈ। ਇਹ ਚੈਕਿੰਗ ਸੋਮਵਾਰ ਸਵੇਰੇ ਲਗਭਗ 100 ਪੁਲਿਸ ਮੁਲਾਜ਼ਮਾਂ ਦੀਆਂ 5 ਟੀਮਾਂ ਬਣਾ ਕੇ ਤਕਰੀਬਨ 2 ਘੰਟਿਆਂ ਤੱਕ ਚਲਾਈ ਗਈ। ਇਹ ਸਰਚ ਆਪਰੇਸ਼ਨ ਐਸ.ਪੀ. (ਸਥਾਨਕ) ਫਰੀਦਕੋਟ ਮਨਵਿੰਦਰ ਬੀਰ ਸਿੰਘ ਦੀ ਨਿਗਰਾਨੀ ਹੇਠ ਚਲਾਈ ਗਈ ਜਿਸ ਦੌਰਾਨ ਉਹਨਾ ਨਾਲ ਚਰਨਜੀਵ ਲਾਬਾ, ਡੀ.ਐਸ.ਪੀ. (ਐਨ.ਡੀ.ਪੀ.ਐਸ.) ਫਰੀਦਕੋਟ, ਸੰਜੀਵ ਕੁਮਾਰ ਡੀ.ਐਸ.ਪੀ. ਫਰੀਦਕੋਟ, ਸਮੇਤ ਜੇਲ੍ਹ ਪ੍ਰਸ਼ਾਸ਼ਨ ਦੇ ਅਧਿਕਾਰੀ ਵੀ ਮੌਜੂਦ ਸਨ। ਪੁਲਿਸ ਦੀਆਂ 5 ਵੱਖ-ਵੱਖ ਟੀਮਾਂ ਵੱਲੋਂ ਜੇਲ ਦੇ ਹਰ ਹਿੱਸੇ ਦੀ ਜਾਂਚ ਕੀਤੀ ਗਈ, ਜਿਸ ਵਿੱਚ ਕੈਦੀਆਂ ਦੇ ਬੈਰਕ, ਕੰਟੀਨ, ਬਾਥਰੂਮ, ਚਾਰਦੀਵਾਰੀ, ਨਿਗਰਾਨੀ ਕੈਮਰੇ ਅਤੇ ਹੋਰ ਸੁਰੱਖਿਆ ਪ੍ਰਣਾਲੀਆਂ ਦੀ ਗਹਿਰੀ ਜਾਂਚ ਕੀਤੀ ਗਈ। ਇਸ ਸਬੰਧੀ ਮਨਵਿੰਦਰ ਬੀਰ ਸਿੰਘ ਐਸ.ਪੀ. (ਸਥਾਨਿਕ) ਫਰੀਦਕੋਟ ਨੇ ਦੱਸਿਆ ਕਿ ਡਾ. ਪ੍ਰਗਿਆ



ਜੈਨ ਐਸ.ਐਸ.ਪੀ. ਫਰੀਦਕੋਟ ਦੇ ਦਿਸ਼ਾ ਨਿਰਦੇਸ਼ਾ ਤਹਿਤ ਉਹਨਾ ਵੱਲੋਂ ਡੀ.ਐਸ.ਪੀ. ਰੈਂਕ ਦੇ ਅਧਿਕਾਰੀਆਂ ਦੀ ਨਿਗਰਾਨੀ ਹੇਠ ਪੁਲਿਸ ਕਰਮਚਾਰੀਆਂ ਦੀਆਂ ਅਲੱਗ-ਅਲੱਗ ਟੀਮਾਂ ਬਣਾ ਕੇ ਜੇਲ ਪ੍ਰਸ਼ਾਸ਼ਨ ਦੇ ਅਧਿਕਾਰੀਆਂ ਦੇ ਨਾਲ ਮਿਲ ਕੇ ਸਾਰੀ ਜੇਲ ਦੀ ਚੈਕਿੰਗ ਕੀਤੀ ਗਈ ਹੈ। ਉਹਨਾ ਦੱਸਿਆ ਕਿ ਇਸ ਦੌਰਾਨ ਪੁਲਿਸ ਟੀਮਾਂ ਪੁਲਿਸ ਦੀਆਂ ਵੱਖ-ਵੱਖ ਟੀਮਾਂ ਨੇ ਜੇਲ ਦੇ ਹਰ ਹਿੱਸੇ ਦੀ ਵਧੀਆ ਤਰੀਕੇ ਨਾਲ ਜਾਂਚ ਕੀਤੀ, ਜਿਸ ਵਿੱਚ ਬੈਰਕਾਂ, ਕੰਟੀਨ, ਬਾਥਰੂਮ, ਚਾਰਦੀਵਾਰੀ ਅਤੇ ਨਿਗਰਾਨੀ ਕੈਮਰਿਆਂ ਦੀ ਜਾਂਚ ਵੀ ਸ਼ਾਮਲ ਸੀ। ਉਨ੍ਹਾਂ ਕਿਹਾ ਕਿ ਮਹਿਲਾ ਬੈਰਕਾਂ ਦੀ ਜਾਂਚ ਮਹਿਲਾ ਪੁਲਿਸ ਮੁਲਾਜ਼ਮਾਂ ਵੱਲੋਂ ਵਿਸ਼ੇਸ਼ ਸੰਵੇਦਨਸ਼ੀਲਤਾ ਅਤੇ ਸੁਰੱਖਿਆ ਨਿਯਮਾਂ ਦੇ ਤਹਿਤ ਕੀਤੀ ਗਈ, ਜਿਸ ਦੌਰਾਨ ਮਹਿਲਾ ਕੈਦੀਆਂ ਦੀ ਪ੍ਰਾਈਵੇਸੀ ਨੂੰ ਪੂਰਾ ਸਨਮਾਨ ਦਿੱਤਾ ਗਿਆ। ਇਸ ਸਬੰਧੀ ਡਾ. ਪ੍ਰਗਿਆ ਜੈਨ ਨੇ ਦੱਸਿਆ ਕਿ ਪੁਲਿਸ ਟੀਮਾਂ ਵੱਲੋਂ ਇਹ ਚੈੱਕਿੰਗ ਕਿਸੇ ਵੀ ਗੈਰਕਾਨੂੰਨੀ ਚੀਜ਼ ਜਾਂ ਨਸ਼ੀਲੇ ਪਦਾਰਥ ਦੀ ਚੈਕਿੰਗ ਅਤੇ ਜੇਲ ਦੇ ਅੰਦਰ ਸੁਰੱਖਿਆ ਪ੍ਰਬੰਧਾ ਦੀ ਚੈਕਿੰਗ ਲਈ ਕੀਤੀ ਗਈ। ਇਹ ਮੁਹਿੰਮ ਗੁਪਤ ਰੱਖੀ ਗਈ ਤਾਂ ਜੋ ਕੋਈ ਸ਼ਰਾਰਤੀ ਤੱਤ ਇਸ ਦੀ ਜਾਣਕਾਰੀ ਲੈ ਕੇ ਬਚ ਨਾ ਸਕਣ। ਉਹਨਾ ਕਿਹਾ ਕਿ ਅਜਿਹੀਆਂ ਅਚਾਨਕ ਚੈਕਿੰਗਾਂ ਨਾਲ ਜੇਲ ਅੰਦਰ ਬੰਦ ਬੁਰੇ ਰੁਝਾਨ ਵਾਲੇ ਕੈਦੀਆਂ ਵਿੱਚ ਡਰ ਪੈਦਾ ਕਰਦੀਆਂ ਹਨ ਅਤੇ ਅਜਿਹੀਆਂ ਜਾਂਚਾਂ ਆਉਣ ਵਾਲੇ ਸਮੇਂ ਵਿੱਚ ਨਿਯਮਤ ਤੌਰ 'ਤੇ ਜਾਰੀ ਰਹਿਣਗੀਆਂ। ਇਸ ਦੇ ਨਾਲ ਹੀ ਉਹਨਾ ਦੱਸਿਆ ਕਿ ਥਾਣਾ ਇੰਚਾਰਜ ਅਤੇ ਹੋਰ ਸਬੰਧਤ ਪੁਲਿਸ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਗਏ ਹਨ ਕਿ ਉਹ ਜੇਲ ਦੇ ਆਲੇ-ਦੁਆਲੇ ਰਹਿਣ ਵਾਲੇ ਨਿਵਾਸੀਆਂ ਦਾ ਰਿਕਾਰਡ ਰੱਖਿਆ ਜਾਵੇ ਤਾਂ ਜੋ ਉਹ ਕੈਦੀਆਂ ਜਾਂ ਉਨ੍ਹਾਂ ਦੇ ਸਾਥੀਆਂ ਨਾਲ ਮਿਲਕੇ ਜੇਲ ਵਿੱਚ ਨਸ਼ਾ ਜਾਂ ਹੋਰ ਗੈਰਕਾਨੂੰਨੀ ਚੀਜ਼ਾਂ ਅੰਦਰ ਸੁੱਟਣ ਵਿੱਚ ਸ਼ਾਮਿਲ ਨਾ ਹੋਣ। ਉਹਨਾ ਇਹ ਵੀ ਸਪੱਸ਼ਟ ਕੀਤਾ ਕਿ ਅਜਿਹੀਆਂ ਜਾਚਾ ਆਉਣ ਵਾਲੇ ਸਮੇ ਵਿੱਚ ਵੀ ਜਾਰੀ ਰਹਿਣਗੀਆਂ। ਇਸ ਦੇ ਨਾਲ ਹੀ ਉਹਨਾ ਸਥਾਨਿਕ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਜੇ ਉਹ ਕਿਸੇ ਨੂੰ ਘਰ ਕਿਰਾਏ 'ਤੇ ਦੇਣ, ਤਾਂ ਪੁਲਿਸ ਨੂੰ ਸੂਚਨਾ ਦੇਣ ਕਿਉਂਕਿ ਕੋਈ ਅਪਰਾਧੀ ਤੱਤ ਅਜਿਹੀ ਗਤੀਵਿਧੀ ਵਿੱਚ ਸ਼ਾਮਿਲ ਹੋ ਸਕਦੇ ਹਨ।